# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :02-06-2026**

ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਜੱਜ ਅਸ਼ਵਨੀ ਕੁਮਾਰ ਮਿਸ਼ਰ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਨਵਾਂ ਚੀਫ਼ ਜਸਟਿਸ ਨਿਯੁਕਤ ਕੀਤਾ ਏ। ਇਹ ਨਿਯੁਕਤੀ ਇਸ ਅਦਾਲਤ ਦੇ ਮੌਜੂਦਾ ਚੀਫ਼ ਜਸਟਿਸ ਸ਼ੀਲ ਨਾਗੂ ਦੀ ਸੁਪਰੀਮ ਕੋਰਟ ਦੇ ਜੱਜ ਵਜੋਂ ਨਿਯੁਕਤੀ ਹੋਣ ਤੋਂ ਬਾਅਦ ਕੀਤੀ ਗਈ ਏ । ਰਾਸ਼ਟਰਪਤੀ ਵੱਲੋਂ ਜਸਟਿਸ ਨਾਗੂ ਨਾਲ ਸੁਪਰੀਮ ਕੋਰਟ ਦੇ ਚਾਰ ਹੋਰ ਨਿਯੁਕਤ ਕੀਤੇ ਜੱਜਾਂ ਵਿੱਚ ਬੰਬੇ , ਮੱਧ ਪ੍ਰਦੇਸ਼, ਜੰਮੂ-ਕਸ਼ਮੀਰ ਤੇ ਲੱਦਾਖ ਹਾਈ ਕੋਰਟਾਂ ਦੇ ਮੁੱਖ ਜੱਜ ਤੇ ਇਕ ਸੀਨੀਅਰ ਮਹਿਲਾ ਵਕੀਲ ਸ਼ਾਮਲ ਨੇ।

---

ਪੰਜਾਬ ਸਰਕਾਰ ਵਲੋਂ ਕੱਲ ਜਲੰਧਰ ਦੀ ਪੁਲਿਸ ਕਮਿਸ਼ਨਰ ਤੇ ਅੰਮ੍ਰਿਤਸਰ ਤੇ ਫਰੀਦਕੋਟ ਦੇ ਸੀਨੀਅਰ ਪੁਲਿਸ ਕਪਤਾਨਾਂ (ਐਸ ਐਸ ਪੀਜ ) ਸਮੇਤ 11 ips ਅਧਿਕਾਰੀਆਂ ਦੇ ਤਬਾਦਲੇ ਤੇ ਨਿਯੁਕਤੀਆਂ ਕੀਤੀਆਂ ਗਈਆਂ ਨੇ। ਜਲੰਧਰ ਦੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੂੰ

ਪੁਲਿਸ ਅਕਾਦਮੀ ਫਿਲੌਰ ਦਾ ਡਾਇਰੈਕਟਰ ਨਿਯੁਕਤ ਕੀਤਾ ਗਿਆ ਏ। ਉਨਾਂ ਦੀ ਥਾਂ ਲੁਧਿਆਣਾ ਪੁਲਿਸ ਰੇਂਜ ਦੇ dig satinder ਸਿੰਘ ਨੂੰ ਜਲੰਧਰ ਪੁਲਿਸ ਕਮਿਸ਼ਨਰ ਦਾ ਕਾਰਜ ਭਾਰ ਸੌਂਪਿਆ ਗਿਆ ਏ । ਅੰਮ੍ਰਿਤਸਰ ਦਿਹਾਤੀ ਦੇ ssp ਸੁਹੇਲ ਕਾਸਿਮ ਮੀਰ ਦਾ ਤਬਾਦਲਾ aig ਅਮਲਾ ਚੰਡੀਗੜ੍ਹ ਤੇ ਫਰੀਦਕੋਟ ਦੀ ssp ਪ੍ਰਗਿਆ ਜੈਨ ਨੂੰ aig ਕਾਨੂੰਨ ਤੇ ਵਿਵਸਥਾ ਚੰਡੀਗੜ੍ਹ ਨਿਯੁਕਤ ਕੀਤਾ ਗਿਆ ਏ। ਇਸੇ ਦੌਰਾਨ  ਇੱਕ ਹੋਰ ਸਰਕਾਰੀ ਹੁਕਮ ਰਾਹੀਂ 3 pps  ਅਧਿਕਾਰੀਆਂ ਦੇ ਤਬਾਦਲੇ ਵੀ ਕੀਤੇ ਗਏ ਨੇ, ਇਨਾਂ ਵਿਚ ਸਨਅਤੀ ਸੁਰੱਖਿਆ ਲੁਧਿਆਣਾ ਦੇ adcp ਦਾ ਤਬਾਦਲਾ ਬਤੌਰ sp ਹੈਡਕਵਾਰਟਰ ਅੰਮ੍ਰਿਤਸਰ ਕਰ ਦਿੱਤਾ ਗਿਆ ਏ, ਓਹ ਅਗਲੇ ਹੁਕਮਾਂ ਤੱਕ ssp ਅੰਮ੍ਰਿਤਸਰ ਦਿਹਾਤੀ ਦਾ ਕਮਕਾਜ ਵੀ ਵੇਖਣਗੇ। ਇਸੇ ਤਰਾਂ ਪਟਿਆਲਾ ਦੇ sp ਡਿਟੈਕਟਿਵ ਨੂੰ ਫਰੀਦਕੋਟ ਦਾ sp pbi ਨਿਯੁਕਤ ਕੀਤਾ ਗਿਆ ਏ ਤੇ ਉਨਾਂ ਨੂੰ ਅਗਲੇ ਹੁਕਮਾਂ ਤੱਕ ssp ਦਾ ਕਾਰਜਭਾਰ ਵੀ ਸੋਪਿਆ ਗਿਆ ਏ। ਅਮ੍ਰਿਤਸਰ ਦੇ sp ਹੈਡਕਵਾਰਟਰ ਤੇਜਬੀਰ ਸਿੰਘ ਨੂੰ PAP  ਜਲੰਧਰ ਵਿਚ 80ਵੀਂ batallian ਦਾ ਸਹਾਇਕ commandent ਨਿਯੁਕਤ ਕੀਤਾ ਗਿਆ ਏ।

---------------------------------------------------------------------------------

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ ਕਿ ਪਾਰਦਰਸਤਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਕੂਲ ਸਿੱਖਿਆ

ਬੋਰਡ ਦੀਆਂ ਪ੍ਰੀਖਿਆਵਾਂ ਦੀਆਂ ਉੱਤਰ ਪੱਤਰੀਆਂ ਹੁਣ ਔਨਲਾਈਨ ਉਪਲਬਧ ਹੋਣਗੀਆਂ ਤੇ ਇਹ ਸੁਤੰਤਰ ਪਹੁੰਚ ਸਾਡੀ ਸਿੱਖਿਆ ਪ੍ਰਣਾਲੀ ਵਿੱਚ ਵਿਸਵਾਸ ਅਤੇ ਨਿਰਪੱਖਤਾ ਨੂੰ ਹੋਰ ਮਜ਼ਬੂਤ ਕਰੇਗੀ। ਇਸ ਮੌਕੇ ਉਹਨਾਂ ਸ੍ਰੀ ਅਨੰਦਪੁਰ ਸਾਹਿਬ ਦੇ  ਵਿਰਾਸਤ-ਏ-ਖਾਲਸਾ ਵਿਖੇ 'ਬ੍ਰਾਈਟ ਮਾਈਂਡਜ ਪੰਜਾਬ 2026' ਪ੍ਰੋਗਰਾਮ ਦੀ ਸੁਰੂਆਤ ਕੀਤੀ। ਉਦਘਾਟਨੀ ਸਮਾਗਮ ਵਿੱਚ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ 85 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਰੂਪਨਗਰ ਜ਼ਿਲ੍ਹੇ ਦੇ 600 ਤੋਂ ਵੱਧ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸ. ਬੈਂਸ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਸੂਬੇ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਵਿਸਥਾਰ ਕੀਤਾ ਜਾਵੇਗਾ । ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਸ. ਬੈਂਸ ਨੇ ਐਲਾਨ ਕੀਤਾ ਕਿ ਇਸ ਅਕਾਦਮਿਕ ਸੈਸਨ ਦੀ ਸੁਰੂਆਤ ਤੋਂ ਬਾਅਦ, ਛੇਵੀਂ ਜਮਾਤ ਤੋਂ ਸਾਰੇ ਸਰਕਾਰੀ ਸਕੂਲਾਂ ਵਿੱਚ ਆਰਟੀਫੀਸੀਅਲ ਇੰਟੈਲੀਜੈਂਸ (ਏ.ਆਈ.) ਨੂੰ ਵਿਸੇ ਵਜੋਂ ਪੜ੍ਹਾਇਆ ਜਾਵੇਗਾ। ਸਿੱਖਿਆ ਮੰਤਰੀ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਅਤੇ ਵਿਸ਼ਵ ਪੱਧਰ ਦੇ ਮੁਕਾਬਲੇ ਦੇ ਯੋਗ ਬਣਾਉਣ ਲਈ ਉਨ੍ਹਾਂ ਨੂੰ ਨਵੀਆਂ ਤਕਨਾਲੋਜੀਆਂ ਨਾਲ ਜੋੜਨਾ ਸਮੇਂ ਦੀ ਲੋੜ ਏ।

---

ਪੰਜਾਬ ਸਰਕਾਰ ਨੇ ਸਾਲ 2025-26 ਦੇ ਪਿੜਾਈ ਸੀਜਨ ਦੌਰਾਨ ਗੰਨਾ ਕਿਸਾਨਾਂ ਦੇ 100 ਫੀਸਦੀ ਬਕਾਏ ਅਦਾ ਕਰ ਦਿੱਤੇ ਨੇ। ਸੂਬੇ ਭਰ ਦੀਆਂ ਖੰਡ ਮਿੱਲਾਂ ਨੇ ਰਿਕਾਰਡ 167.20 ਲੱਖ ਕੁਇੰਟਲ ਗੰਨੇ ਦੀ ਖਰੀਦ ਕੀਤੀ ਤੇ 695.36 ਕਰੋੜ ਰੁਪਏ ਦਾ ਭੁਗਤਾਨ ਕੀਤਾ ਏ। ਕਿਸਾਨਾਂ ਨੂੰ ਰਵਾਇਤੀ ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਨਿਕਲਣ ਤੇ ਗੰਨੇ ਦੀ ਖੇਤੀ ਅਪਣਾਉਣ ਲਈ ਉਤਸ਼ਾਹਤ ਕਰਕੇ ਸਰਕਾਰ ਨੇ ਪੇਂਡੂ ਅਰਥਚਾਰੇ ਨੂੰ ਮਜਬੂਤ ਕਰਨ ਦੇ ਨਾਲ-ਨਾਲ ਖੇਤੀਬਾੜੀ ਦੇ ਵਿਕਾਸ ਲਈ ਨਵੇਂ ਮੌਕੇ ਪੈਦਾ ਕੀਤੇ ਨੇ। ਖੇਤੀ ਨੂੰ ਹੋਰ ਉਤਸਾਹਿਤ ਕਰਨ ਲਈ ਸਹਿਕਾਰੀ ਖੰਡ ਮਿੱਲਾਂ ਨੇ ਕਿਸਾਨ ਪੱਖੀ ਕਈ ਪਹਿਲਕਦਮੀਆਂ ਕੀਤੀਆਂ ਨੇ, ਜਿਨ੍ਹਾਂ ਵਿੱਚ ਮਿਆਰੀ ਬੀਜਾਂ ਦੀ ਸਪਲਾਈ, ਸਬਸਿਡੀ ਵਾਲੀ ਖੇਤੀਬਾੜੀ ਮਸੀਨਰੀ, ਖਾਦਾਂ, ਨਦੀਨਨਾਸਕ ਅਤੇ ਕੀਟਨਾਸਕ, ਮਿੱਟੀ ਦੀ ਪਰਖ ਦੀਆਂ ਸਹੂਲਤਾਂ ਅਤੇ ਜਾਗਰੂਕਤਾ ਕੈਂਪ ਤੇ ਸਿਖਲਾਈ ਪ੍ਰੋਗਰਾਮ ਸਾਮਲ ਨੇ। ਇਨ੍ਹਾਂ ਯਤਨਾਂ ਨੇ ਉਤਪਾਦਨ ਵਧਾਉਣ ਤੇ ਗੰਨੇ ਦੀ ਖੇਤੀ ਵਿੱਚ ਕਿਸਾਨਾਂ ਦੇ ਵਿਸਵਾਸ ਨੂੰ ਮਜ਼ਬੂਤ ਕਰਨ ਵਿੱਚ ਵੱਡਾ ਯੋਗਦਾਨ ਪਾਇਆ ਏ।

---

ਅੱਜ ਸਵੇਰੇ ਚੰਡੀਗੜ੍ਹ ਦੇ ਸੈਕਟਰ-16 ਸਥਿਤ ਸਰਕਾਰੀ ਹਸਪਤਾਲ ਦੇ

ਬਲੱਡ ਬੈਂਕ ਵਿੱਚ ਅੱਗ ਲੱਗਣ ਦੀ ਘਟਨਾ ਵਾਪਰੀ ਏ। ਹਾਲਾਂਕਿ, ਇਸ ਵਿਚ ਕਿਸੇ ਵੀ ਕਿਸਮ ਦਾ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਖ਼ੂਨ ਦੇ ਸਟਾਕ, ਉਪਕਰਨਾਂ, ਰਿਕਾਰਡ ਜਾਂ ਬੁਨਿਆਦੀ ਢਾਂਚੇ ਨੂੰ ਕੋਈ ਨੁਕਸਾਨ ਪਹੁੰਚਣ ਤੋਂ ਪੈਹਲਾਂ ਹੀ ਸਥਿਤੀ ਤੇ  ਤੇਜ਼ੀ ਨਾਲ ਕਾਬੂ ਪ ਲਿਆ ਗਿਆ। ਇਮਾਰਤ ਦੀ ਸੁਰੱਖਿਆ ਤੇ ਜ਼ਰੂਰੀ ਬਲੱਡ ਬੈਂਕ ਕਾਰਜਾਂ ਦੀ ਨਿਰੰਤਰਤਾ ਨੂੰ ਯਕੀਨੀ ਬਣਾਉਣ ਲਈ ਤੁਰੰਤ ਜ਼ਰੂਰੀ ਸੁਰੱਖਿਆ ਉਪਾਅ ਦੇ ਨਿਰਦੇਸ਼ ਦਿੱਤੇ ਗਏ ਨੇ। ਅਧਿਕਾਰਤ ਸੂਤਰਾਂ ਅਨੁਸਾਰ, ਅੱਗ ਬਲੱਡ ਬੈਂਕ ਖੇਤਰ ਵਿੱਚ ਸਥਾਪਤ ਏਅਰ-ਕੰਡੀਸ਼ਨਿੰਗ ਯੂਨਿਟ ਵਿੱਚ ਸ਼ਾਰਟ ਸਰਕਟ ਕਾਰਨ ਲੱਗੀ ਹੋਣ ਦੀ ਸੰਭਾਵਨਾ ਏ। ਇਸ ਘਟਨਾ ਦਾ ਸਭ ਤੋਂ ਪਹਿਲਾਂ ਡਿਊਟੀ 'ਤੇ ਮੌਜੂਦ ਸਟਾਫ਼ ਦੁਆਰਾ ਪਤਾ ਲਗਾਇਆ ਗਿਆ ਤੇ ਅੱਗ ਤੇ  ਸਫਲਤਾਪੂਰਵਕ ਕਾਬੂ ਪਾਉਣ ਲਈ ਤੁਰੰਤ ਉਪਾਅ ਕੀਤੇ ਗਏ।

---------------------------------------------------------------------------

ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸਨ ਲਿਮਟਿਡ (ਐਚ.ਪੀ.ਸੀ.ਐਲ.) ਨੇ ਨਿਵੇਸ ਰਾਹੀਂ ਸੂਬੇ ਵਿੱਚ ਆਪਣਾ ਦਾਇਰਾ ਵਧਾਉਣ ਦੀ ਯੋਜਨਾ ਦਾ ਐਲਾਨ ਕੀਤਾ ਏ। ਐਚ.ਪੀ.ਸੀ.ਐਲ. ਦੇ ਚੇਅਰਮੈਨ ਵਿਕਾਸ ਕੌਸਲ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ

ਮਜਬੂਤ ਬੁਨਿਆਦੀ ਢਾਂਚੇ, ਰਣਨੀਤਕ ਸਥਿਤੀ, ਨਿਵੇਸ਼-ਪੱਖੀ ਨੀਤੀਆਂ ਅਤੇ ਪਾਰਦਰਸੀ ਸਾਸਨ ਪ੍ਰਣਾਲੀ ‘ਤੇ ਚਾਨਣਾ ਪਾਇਆ, ਜਿਸ ਨੇ ਸੂਬੇ ਨੂੰ ਉੱਤਰੀ ਭਾਰਤ ਦੇ ਸਭ ਤੋਂ ਆਕਰਸ਼ਕ ਨਿਵੇਸ਼ ਕੇਂਦਰ ਵਜੋਂ ਸਥਾਪਿਤ ਕਰਨ ਵਿੱਚ ਮਦਦ ਕੀਤੀ ਏ। ਮੀਟਿੰਗ ਦੌਰਾਨ ਐਚ.ਪੀ.ਸੀ.ਐਲ.-ਮਿੱਤਲ ਐਨਰਜੀ ਲਿਮਟਿਡ ਨੇ ਪੰਜਾਬ ਵਿੱਚ ਆਪਣੇ ਕੰਮਕਾਜ ਦੇ ਹੋਰ ਵਿਸਤਾਰ ਦਾ ਐਲਾਨ ਵੀ ਕੀਤਾ, ਜਿਸ ਵਿੱਚ ਬਾਇਓਫਿਊਲ ਅਤੇ ਬਾਇਓਗੈਸ ਪ੍ਰੋਜੈਕਟ ਸ਼ਾਮਿਲ ਨੇ। ਇਨ੍ਹਾਂ ਪ੍ਰੋਜੈਕਟਾਂ ਨਾਲ ਰੋਜਗਾਰ ਪੈਦਾ ਹੋਣ, ਪੇਂਡੂ ਆਰਥਿਕਤਾ ਨੂੰ ਮਜਬੂਤੀ ਮਿਲਣ, ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲਣ ਅਤੇ ਖੇਤੀਬਾੜੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਟਿਕਾਊ ਹੱਲ ਮਿਲਣ ਦੀ ਉਮੀਦ ਏ।

---------------------------------------------------------------------------